# ਦਫ਼ਤਰ, ਚੋਣਕਾਰ ਰਜਿਸਟਰੇਸ਼ਨ ਅਫ਼ਸਰ,

092 ਬਠਿੰਡਾ ਸ਼ਹਿਰੀ ਵਿਧਾਨ ਸਭਾ ਹਲਕਾ-ਕਮ-ਉਪ ਮੰਡਲ ਮੈਜਿਸਟਰੇਟ, ਬਠਿੰਡਾ।
ਕਮਰਾ ਨੰ: 314 ਦੂਜੀ ਮੰਜਲ ਮਿੰਨੀ ਸਕੱਤਰੇਤ, ਬਠਿੰਡਾ।

ਫੋਨ ਨੰ: 0164-22.....
ਜਿੰਮੇਵਾਰ ਬਣੋ,ਵੋਟਰ ਬਣੋ
ਹੁਕਮ ਨੰ 1434...../2022 ਚੋਣਾਂ

Email:ero92bathindaurban@gmail.com
ਜਿੰਮੇਵਾਰ ਬਣੋ,ਵੋਟਰ ਬਣੋ
ਮਿਤੀ: 01-09-2022

ਵੱਲ

ਸਮੂਹ ਵਿਭਾਗਾਂ ਦੇ ਮੁੱਖੀ,
ਬਠਿੰਡਾ।

ਵਿਸ਼ਾ:- ਮਿਤੀ: 01.01.2023 ਨੂੰ ਯੋਗਤਾ ਮਿਤੀ ਦੇ ਆਧਾਰ ਤੇ ਵੋਟਰ ਸੂਚੀਆਂ ਦੀ ਸੁਧਾਈ/ਆਧਾਰ ਕਾਰਡ ਨੂੰ ਵੋਟਰ ਕਾਰਡ ਨਾਲ ਲਿੰਕ ਕਰਨ ਸਬੰਧੀ।

ਉਪਰਕੋਤ ਵਿਸ਼ੇ ਤੇ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਦੇ ਪੱਤਰ ਨੰ: ਚੋਣ 62022/401, ਮਿਤੀ: 26.07.2022 ਦੀਆਂ ਹਦਾਇਤਾਂ ਅਨੁਸਾਰ ਮਿਤੀ: 01.01.2023 ਨੂੰ ਯੋਗਤਾ ਮਿਤੀ ਦੇ ਆਧਾਰ ਤੇ 092 ਬਠਿੰਡਾ ਸ਼ਹਿਰੀ ਵਿਧਾਨ ਸਭਾ ਚੋਣ ਹਲਕੇ ਲਈ ਮਿਤੀ: 04.08.2022 ਤੋਂ ਬੀ.ਐਲ.ਓਜ ਵੱਲੋਂ ਘਰ-ਘਰ ਵਿਜ਼ਟ ਕਰਕੇ ਵੋਟਰ ਸੂਚੀ ਨੂੰ ਗਰੁੜਾ ਐਪ ਰਾਹੀਂ ਆਧਾਰ ਨਾਲ ਲਿੰਕ ਕੀਤਾ ਜਾਣਾ ਹੈ। ਸੋ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਦੇ ਅਧੀਨ ਕੰਮ ਕਰ ਰਹੇ ਸਮੂਹ ਕਰਮਚਾਰੀ, ਜਿਨ੍ਹਾਂ ਦੀ ਇਸ ਵਿਧਾਨ ਸਭਾ ਹਲਕੇ ਵਿੱਚ ਬਤੌਰ ਬੀ.ਐਲ.ਓ ਡਿਊਟੀ ਲੱਗੀ ਹੋਈ ਹੈ, ਨੂੰ ਲਿਖਤੀ ਰੂਪ ਵਿੱਚ ਹਦਾਇਤ ਕੀਤੀ ਜਾਵੇ ਕਿ ਉਹ ਮਿਤੀ: 31.12.2022 ਤੱਕ ਹਰ ਹਾਲਤ ਵਿੱਚ ਮੁਕੰਮਲ ਕਰਨਗੇ ਅਤੇ ਸਬੰਧਤ ਸੁਪਰਵਾਈਜ਼ਰ ਹਰ ਹਫਤੇ ਸ਼ੁਕਰਵਾਰ ਨੂੰ ਨਿਰਧਾਰਤ ਪ੍ਰੋਫਾਰਮੇ ਵਿੱਚ ਰਿਪੋਰਟ ਭੇਜਣਾ ਯਕੀਨੀ ਬਣਾਉਣਗੇ।

ਇਸ ਤੋਂ ਇਲਾਵਾ ਆਪ ਨੂੰ ਲਿਖਿਆ ਜਾਂਦਾ ਹੈ ਕਿ ਬੀ.ਐਲ.ਓਜ ਵੱਲੋਂ ਘਰ-ਘਰ ਜਾ ਕੇ ਸਰਵੇ ਦੇ ਕੰਮ ਦੀ ਘੱਟ ਰਫਤਾਰ ਨੂੰ ਮੁੱਖ ਰੱਖਦਿਆਂ ਇਸ ਅਵਧੀ ਦੌਰਾਨ ਸਮੂਹ ਟੀਚਿੰਗ/ਨਾਨ-ਟੀਚਿੰਗ ਸਟਾਫ, ਜਿਨ੍ਹਾਂ ਦੀ ਬਤੌਰ ਬੀ.ਐਲ.ਓ ਇਸ ਵਿਧਾਨ ਸਭਾ ਹਲਕੇ ਵਿੱਚ ਡਿਊਟੀ ਲੱਗੀ ਹੋਈ ਹੈ, ਨੂੰ ਦਿਨ ਮੰਗਲਵਾਰ ਤੇ ਵੀਰਵਾਰ ਨੂੰ ਚੋਣ ਡਿਊਟੀ ਲਈ ਦਫਤਰ ਦੇ ਕੰਮਾਂ ਤੋਂ ਛੋਟ ਦਿੱਤੀ ਜਾਵੇ। ਇਨ੍ਹਾਂ ਹਦਾਇਤਾਂ ਨੂੰ ਤੁਰੰਤ ਆਪਣੇ ਵਿਭਾਗ/ਸਕੂਲ ਦੇ ਮੁੱਖੀਆਂ ਨੂੰ ਤੁਰੰਤ ਭੇਜੀਆਂ ਜਾਣ ਤਾਂ ਜੋ ਲਿੰਕਿੰਗ ਦਾ ਕੰਮ ਨਿਰਵਿਘਨ ਮੁਕੰਮਲ ਹੋ ਸਕੇ। ਜੇਕਰ ਕਿਸੇ ਸਕੂਲ ਵਿੱਚ ਇੱਕ ਜਾਂ ਇੱਕ ਤੋਂ ਵੱਧ ਅਧਿਆਪਕਾਂ ਦੀ ਡਿਊਟੀ ਬਤੌਰ ਬੀ.ਐਲ.ਓ ਲੱਗੀ ਹੈ ਅਤੇ ਉਹ ਆਪਣਾ ਰੋਸਟਰ ਬਣਾ ਲੈਣ ਤਾਂ ਜੋ ਸਕੂਲ ਨੂੰ ਖਾਲੀ ਨਾ ਛੱਡਿਆ ਜਾਵੇ ਅਤੇ ਜੇਕਰ ਕਿਸੇ ਸਕੂਲ ਵਿੱਚ ਇੱਕ ਹੀ ਅਧਿਆਪਕ ਹੈ ਤੇ ਉਹ ਬੀ.ਐਲ.ਓ ਲਗਿਆ ਹੋਇਆ ਹੈ ਤਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸੈ) ਬਠਿੰਡਾ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ:ਸਿ) ਬਠਿੰਡਾ ਸੰਬੰਧਿਤ ਬੀ.ਪੀ.ਈ.ਓਜ਼ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਉਸ ਸਕੂਲ ਵਿੱਚ ਅਧਿਆਪਕ ਦਾ ਪ੍ਰਬੰਧ ਕਰਨ ਦੇ ਜਿੰਮੇਵਾਰ ਹੋਣਗੇ ਤਾਂ ਜੋ ਕੰਮ ਨੂੰ ਨਿਰਵਿਘਨਤਾ ਨਾਲ ਕੀਤਾ ਜਾ ਸਕੇ।

ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾਂ ਕਰਨੀ ਯਕੀਨੀ ਬਣਾਈ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

ਪਿੱਠ ਅੰਕਣ ਨੰ:

ਮਿਤੀ:

ਇਸ ਦਾ ਇੱਕ ਉਤਾਰਾ:

1.ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਜੀ ਪਾਸ ਸੂਚਨਾ ਹਿਤ ਭੇਜਿਆ ਜਾਂਦਾ ਹੈ ਜੀ।

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਮੋਗਾ
ਪਿਠ ਅੰਕਣ: ਈ.ਪੀ./ ( ) ੨੦੨੨/127 ਮਿਤੀ: ੪/੦੭/੨੦੨੨

ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਾਰਵਾਈ ਨੂੰ ਯਕੀਨੀ (ਈ.ਐੱਸ.ਆਈ) [illegible] ਪਾਲਣਾ ਕੀਤਾ ਜਾਵੇ।

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਮੋਗਾ।